# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :24-11-2025**

ਅੱਜ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਪੁਰਬ ਸ਼ਰਧਾ-ਭਾਵਨਾ ਨਾਲ ਮਨਾਇਆ ਜਾ ਰਿਹਾ ਏ। ਗੁਰੂ ਸਾਹਿਬ ਨੂੰ ਮੁਗਲ ਬਾਦਸ਼ਾਹ ਔਰੰਗਜ਼ੇਬ ਦੇ ਹੁਕਮ 'ਤੇ 1675 ਵਿਚ ਸ਼ਹੀਦ ਕੀਤਾ ਗਿਆ ਸੀ। ਗੁਰੂ ਤੇਗ ਬਹਾਦਰ ਸਾਹਿਬ ਨੇ ਗੁਰੂ ਨਾਨਕ ਦੇਵ ਜੀ ਦੇ ਸੰਦੇਸ਼ ਨੂੰ ਪੂਰੇ ਦੇਸ਼ ਵਿਚ ਫੈਲਾਇਆ। ਉਨ੍ਹਾਂ ਨੇ 116 ਸ਼ਬਦ ਉਚਾਰੇ ਅਤੇ 15 ਰਾਗਾਂ ਦੀ ਰਚਨਾ ਕੀਤੀ। ਉਨ੍ਹਾਂ ਦੀਆਂ ਸਿੱਖਿਆਵਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਨੇ। ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦਾ ਸ਼ਹੀਦੀ ਪੁਰਬ ਵੱਡੇ ਪੱਧਰ ਉੱਤੇ ਮਨਾਇਆ ਜਾ ਰਿਹਾ ਏ। ਇਸ ਸਬੰਧੀ ਤਿੰਨ ਰੋਜ਼ਾ ਸਮਾਗਮ ਚੱਲ ਰਹੇ ਨੇ। ਅੱਜ ਕੀਰਤਪੁਰ ਸਾਹਿਬ ਤੋਂ ਸ੍ਰੀ ਅਨੰਦਪੁਰ ਸਾਹਿਬ ਤੱਕ ਨਗਰ ਕੀਰਤਨ ਸਜਾਇਆ ਗਿਆ ਜੋ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਵੇਗਾ।

ਅੱਜ ਇਕ ਹੈਰੀਟੇਜ ਵਾਕ ਵੀ ਕੀਤੀ ਜਾ ਰਹੀ ਏ। ਢਾਡੀ ਅਤੇ ਕਵੀਸ਼ਰੀ ਦਰਬਾਰ ਵੀ ਕਰਵਾਏ ਜਾ ਰਹੇ ਨੇ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਦਾ ਪ੍ਰਚਾਰ ਕੀਤਾ ਜਾ ਰਿਹਾ ਏ।

----------------------------------------------------

ਅੱਜ ਸ੍ਰੀ ਅਨੰਦਪੁਰ ਸਾਹਿਬ ਦੇ ਭਾਈ ਜੈਤਾ ਜੀ ਮੈਮੋਰੀਅਲ ਪਾਰਕ ਵਿਖੇ ਪੰਜਾਬ ਵਿਧਾਨ ਸਭਾ ਦਾ ਖਾਸ ਇਜਲਾਸ ਹੋ ਰਿਹਾ ਏ। ਇਹ ਇਜਲਾਸ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਏ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਸ਼ਰਧਾਂਜਲੀ ਅਤੇ ਸਨਮਾਨ ਦੇਣ ਲਈ ਰੱਖਿਆ ਗਿਆ ਏ। ਸੂਬਾ ਸਰਕਾਰ ਨੇ ਇਸ ਸਮਾਗਮ ਲਈ ਢੁਕਵੇਂ ਪ੍ਰਬੰਧ ਕੀਤੇ ਨੇ। ਚੰਡੀਗੜ੍ਹ ਵਿਚ ਪੰਜਾਬ ਵਿਧਾਨ ਸਭਾ ਦੀ ਉਸਾਰੀ ਤੋਂ ਬਾਅਦ, ਇਹ ਪਹਿਲੀ ਵਾਰ ਏ ਕਿ ਵਿਧਾਨ ਸਭਾ ਦਾ ਖਾਸ ਇਜਲਾਸ, ਇਮਾਰਤ ਦੇ ਬਾਹਰ ਕਰਵਾਇਆ ਜਾ ਰਿਹਾ ਏ।

----------------------------------------------------

ਗੁਰੂ ਤੇਗ ਬਹਾਦਰ ਸਾਹਿਬ ਦੇ 350ਵੇਂ ਸ਼ਹੀਦੀ ਪੁਰਬ ਦੇ ਸਬੰਧ ਵਿਚ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਸ਼ਰਧਾਂਜਲੀ ਭੇਟ ਕੀਤੀ ਏ। ਸੋਸ਼ਲ

ਮੀਡੀਆ ਉੱਤੇ ਇਕ ਪੋਸਟ ਵਿਚ ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਧਰਮ, ਇਨਸਾਫ਼ ਅਤੇ ਸਮਰਪਣ ਦੇ ਰਸਤੇ 'ਤੇ ਚੱਲਣ ਦਾ ਗੁਰੂ ਸਾਹਿਬ ਦਾ ਸੁਨੇਹਾ ਪੂਰੀ ਮਨੁੱਖਤਾ ਲਈ ਪ੍ਰੇਰਣਾ ਦਾ ਸਰੋਤ ਏ। ਰਾਸ਼ਟਰਪਤੀ ਨੇ ਦੇਸ਼ ਵਾਸੀਆਂ ਨੂੰ ਗੁਰੂ ਤੇਗ ਬਹਾਦਰ ਸਾਹਿਬ ਦੀਆਂ ਸਿੱਖਿਆਵਾਂ ਨੂੰ ਜੀਵਨ ਵਿਚ ਅਪਣਾਉਣ ਦੀ ਅਪੀਲ ਕੀਤੀ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੱਖਣੀ ਅਫ਼ਰੀਕਾ ਦੀ ਅਧਿਕਾਰਤ ਯਾਤਰਾ ਤੋਂ ਬਾਅਦ ਅੱਜ ਸਵੇਰੇ ਰਾਜਧਾਨੀ ਨਵੀਂ ਦਿੱਲੀ ਪੁੱਜ ਗਏ ਨੇ। ਸ਼੍ਰੀ ਮੋਦੀ ਜੀ20 ਸਿਖਰ ਸੰਮੇਲਨ ਵਿਚ ਹਿੱਸਾ ਲੈਣ ਲਈ ਦੱਖਣੀ ਅਫ਼ਰੀਕਾ ਦੇ ਜੋਹਾਨਸਬਰਗ ਗਏ ਹੋਏ ਸਨ। ਪ੍ਰਧਾਨ ਮੰਤਰੀ ਨੇ ਜੀ20 ਸਿਖਰ ਸੰਮੇਲਨ ਦੇ ਤੀਜੇ ਸੈਸ਼ਨ ਦੌਰਾਨ ਆਪਣੇ ਹਮਰੁਤਬਾ ਸਿਆਸਤਦਾਨਾਂ ਨੂੰ ਸੰਬੋਧਨ ਕੀਤਾ ਸੀ।

---------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ (NCW) ਨੇ ਨਵਾਂ ਸ਼ਾਰਟ-ਕੋਡ ਹੈਲਪਲਾਈਨ ਨੰਬਰ - 14490 ਸ਼ੁਰੂ ਕੀਤਾ ਏ, ਜੋ ਕਿ ਦੇਸ਼ ਭਰ ਵਿਚ

ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਦਾ ਸਾਹਮਣਾ ਕਰ ਰਹੀਆਂ ਔਰਤਾਂ ਨੂੰ ਤੁਰੰਤ ਮਦਦ ਮੁਹੱਈਆ ਕਰਵਾਏਗਾ। ਅੱਜ ਸ਼ੁਰੂ ਕੀਤਾ ਗਿਆ ਇਹ ਟੋਲ-ਫ੍ਰੀ ਨੰਬਰ ਹਫ਼ਤੇ ਦੇ ਸੱਤ ਦਿਨ ਤੇ 24 ਘੰਟੇ ਸੇਵਾ ਵਿਚ ਰਹੇਗਾ ਤੇ ਇਹ ਵੇਲੇ ਸਿਰ ਸ਼ਿਕਾਇਤ ਨਿਵਾਰਨ ਨੂੰ ਯਕੀਨੀ ਬਣਾਏਗਾ। ਐੱਨ.ਸੀ.ਡਬਲਿਊ. ਦੇ ਸੂਤਰਾਂ ਮੁਤਾਬਕ ਕਮਿਸ਼ਨ ਦਾ ਮੌਜੂਦਾ ਹੈਲਪਲਾਈਨ ਨੰਬਰ – 78271-70170 ਛੇ ਮਹੀਨਿਆਂ ਬਾਅਦ ਬੰਦ ਕਰ ਦਿੱਤਾ ਜਾਵੇਗਾ ਅਤੇ ਫੌਰੀ ਮਦਦ ਲਈ ਸਿਰਫ ਇਹ ਨਵਾਂ ਛੋਟਾ ਨੰਬਰ 14490 ਸੇਵਾ ਵਿਚ ਰਹੇਗਾ।

---------------------------------------------------

ਅਜਨਾਲਾ ਦੇ ਪਿੰਡ ਭੋਏਵਾਲੀ ਨੇੜੇ ਅੱਜ ਇਕ ਸੜਕ ਹਾਦਸੇ ਵਿਚ ਮੋਟਰਸਾਈਕਲ ਸਵਾਰ ਮਹਿਲਾ ਤੇ ਨੌਜਵਾਨ ਦੀ ਮੌਤ ਹੋ ਗਈ। ਜਾਣਕਾਰੀ ਮੁਤਾਬਕ ਇਹ ਦੋਵੇਂ ਰਿਸ਼ਤੇਦਾਰ ਸਨ ਤੇ ਦਵਾਈ ਲੈਣ ਲਈ ਅਜਨਾਲਾ ਵੱਲ ਆ ਰਹੇ ਸਨ ਕਿ ਇਕ ਕਾਰ ਚਾਲਕ ਵੱਲੋਂ ਮਾਰੀ ਟੱਕਰ ਕਾਰਨ ਉਨ੍ਹਾਂ ਦਾ ਮੋਟਰਸਾਈਕਲ ਹਾਦਸਾਗ੍ਰਸਤ ਹੋ ਗਿਆ। ਪੁਲਿਸ ਨੇ

ਮਾਮਲਾ ਦਰਜ ਕਰ ਲਿਆ ਏ ਅਤੇ ਮੁਲਜ਼ਮ ਵਾਹਨ ਚਾਲਕ ਦੀ ਪਛਾਣ ਕੀਤੀ ਜਾ ਰਹੀ ਏ।

-----------------------------------------------

ਸੀਮਾ ਸੁਰੱਖਿਆ ਬਲ, BSF ਨੇ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਅੰਮ੍ਰਿਤਸਰ ਸਰਹੱਦ 'ਤੇ ਤਿੰਨ ਡ੍ਰੋਨ ਡੇਗ ਕੇ, ਆਪਣੇ ਕਬਜ਼ੇ ਵਿਚ ਲੈ ਲਿਆ ਏ। BSF ਦੇ ਖੁਫੀਆ ਵਿੰਗ ਤੋਂ ਪ੍ਰਾਪਤ ਸਟੀਕ ਜਾਣਕਾਰੀ ਦੇ ਆਧਾਰ 'ਤੇ, BSF ਦੇ ਜਵਾਨਾਂ ਨੇ ਆਪਣੀਆਂ ਮਜ਼ਬੂਤ ਤਕਨੀਕੀ ਸਮਰੱਥਾ ਦੀ ਮਦਦ ਨਾਲ, ਅੰਮ੍ਰਿਤਸਰ ਸਰਹੱਦ 'ਤੇ ਤਿੰਨੋਂ ਡ੍ਰੋਨਾਂ ਨੂੰ ਬੇਅਸਰ ਕਰ ਕੇ ਜ਼ਬਤ ਕਰ ਲਿਆ। BSF ਨੇ ਕਿਹਾ ਏ ਕਿ ਚੌਕਸ ਜਵਾਨਾਂ ਅਤੇ ਮਜ਼ਬੂਤ ਤਕਨੀਕੀ ਉਪਾਵਾਂ ਨਾਲ ਸਰਹੱਦ ਪਾਰੋਂ ਗੈਰ-ਕਾਨੂੰਨੀ ਘੁਸਪੈਠ ਦੀ ਇਕ ਹੋਰ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਏ।

-----------------------------------------------

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਹਿੱਸੇ ਵਜੋਂ ਬਠਿੰਡਾ ਵਿਚ 28 ਦਸੰਬਰ ਨੂੰ ਪ੍ਰੀਮੀਅਰ ਲੀਗ ਕ੍ਰਿਕਟ ਮੁਕਾਬਲਾ ਕਰਵਾਇਆ ਜਾਵੇਗਾ। ਬਠਿੰਡਾ ਦੇ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਦੱਸਿਆ ਕਿ

ਸ਼ਹਿਰ ਦੇ ਸਾਰੇ 50 ਵਾਰਡਾਂ ਵਿਚ ਰਹਿੰਦੇ ਕ੍ਰਿਕਟ ਖਿਡਾਰੀ ਇਸ ਮੈਗਾ-ਈਵੈਂਟ ਵਿਚ ਹਿੱਸਾ ਲੈ ਸਕਦੇ ਨੇ। ਇਸ ਕ੍ਰਿਕਟ ਮੁਕਾਬਲੇ ਵਿਚ ਹਿੱਸਾ ਲੈਣ ਲਈ ਭਲਕੇ 26 ਨਵੰਬਰ ਸ਼ਾਮ 5 ਵਜੇ ਤੱਕ ਅਰਜ਼ੀਆਂ ਦਿੱਤੀਆਂ ਜਾ ਸਕਦੀਆਂ ਨੇ।

---------------------------------------------------

ਗੁਰਦਾਸਪੁਰ ਵਿਚ ਸ੍ਰੀ ਸੱਤਿਆ ਸਾਈ ਸੇਵਾ ਸਮਿਤੀ ਨੇ ਸੱਤਿਆ ਸਾਈ ਬਾਬਾ ਦੇ ਜਨਮ ਦਿਨ ਦੇ ਸਬੰਧ ਵਿਚ ਕੱਲ੍ਹ ਅੰਗਹੀਣ ਵਿਅਕਤੀਆਂ ਲਈ ਕੈਂਪ ਲਗਾਇਆ ਤੇ 79 ਵਿਅਕਤੀਆਂ ਨੂੰ ਨਕਲੀ ਅੰਗ ਭੇਟ ਕੀਤੇ। ਇਹ ਵਿਅਕਤੀ ਵੱਖ-ਵੱਖ ਹਾਦਸਿਆਂ ਜਾਂ ਫਿਰ ਕਿਸੇ ਬਿਮਾਰੀ ਕਾਰਨ ਆਪਣੇ ਅੰਗ ਗੁਆ ਚੁੱਕੇ ਸਨ। ਇਸ ਮੌਕੇ ਆਮ ਆਦਮੀ ਪਾਰਟੀ ਤੇ ਆਗੂ ਰਮਨ ਬਹਿਲ ਤੇ ਪ੍ਰਸ਼ਾਸਨਕ ਅਧਿਕਾਰੀ ਪੁੱਜੇ ਹੋਏ ਸਨ।

---------------------------------------------------